**ਡਾਇਰੈਕਟੋਰੇਟ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।**

**ਦਫਤਰੀ ਹੁਕਮ**

**ਨੰ: 4ਐਮਈ 2-ਪੰ:-13/** 20939 **ਮਿਤੀ, ਚੰਡੀਗੜ੍ਹ:-** 26/12/13

ਇਸ ਦਫਤਰੀ ਹੁਕਮ ਰਾਹੀਂ ਹੇਠ ਲਿਖੇ ਸ੍ਰੀ ਜਸਬੀਰ ਸਿੰਘ ਪੁੱਤਰ ਸ੍ਰੀ ਬਹਾਲ ਸਿੰਘ, ਆਰਟਿਸਟ-ਕਮ-ਫੋਟੋਗ੍ਰਾਫਰ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅਮ੍ਰਿਤਸਰ ਦੀ ਤਰੱਕੀ ਬਤੌਰ ਫੋਟੋ ਆਰਟਿਸਟ ਤਨਖਾਹ ਸਕੇਲ ਰੁਪਏ 10300 - 34800 ਜਮਾ 3200 ਰੁਪਏ ਗਰੇਡ ਪੇ ਵਿਚ ਆਰਜੀ ਤੌਰ ਤੇ ਕੀਤੀ ਜਾਂਦੀ ਹੈ ਅਤੇ ਕਰਮਚਾਰੀ ਦੀ ਤਰੱਕੀ ਉਪਰੰਤ ਤੈਨਾਤੀ ਸਰਕਾਰੀ ਮੈਡੀਕਲ ਕਾਲਜ, ਪਟਿਆਲਾ ਵਿਖੇ ਕੀਤੀ ਜਾਂਦੀ ਹੈ। ਇਹ ਤਰੱਕੀ ਹੇਠ ਲਿਖੀ ਸਰਤਾਂ ਤੇ ਕੀਤੀ ਜਾਂਦੀ ਹੈ:

1. ਇਹ ਤਰਕੋ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀ ਹੈ, ਜੇਕਰ ਇਹਨਾਂ ਆਸਾਮੀਆਂ ਲਈ ਵਿਚਾਰੇ ਗਏ ਕਰਮਚਾਰੀਆਂ ਵਿਚੋਂ ਕੋਈ ਕਰਮਚਾਰੀ ਇਹਨਾਂ ਤੋਂ ਸੀਨੀਅਰ ਪਾਇਆ ਗਿਆ ਤਾਂ ਜੂਨੀਅਰ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

2. ਜੇਕਰ ਬਾਦ ਵਿਚ ਕਿਸੇ ਸਟੇਜ ਤੇ ਇਹ ਪਾਇਆ ਗਿਆ ਕਿ ਕੋਈ ਵੀ ਕਰਮਚਾਰੀ ਇਸ ਆਸਾਮੀ ਲਈ ਲੋੜੀਦੀਂ ਵਿਦਿਅਕ ਯੋਗਤਾਵਾਂ ਜਾਂ ਤਜਰਬਾ ਪੂਰਾ ਨਹੀਂ ਕਰਦਾ ਹੈ ਤਾਂ ਉਸ ਕਰਮਚਾਰੀ ਨੂੰ ਤੁਰੰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

3. ਇਹ ਤਰਕੀ ਕਾਰਨ ਨਵੀਂ ਆਸਾਮੀਂ ਤੇ ਹਾਜਰ ਹੋਣ ਕਾਰਣ ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮਾਂ ਤਸੱਲੀਬਖਸ ਤਰੀਕੇ ਨਾਲ ਪਾਰ ਕਰਨਾਂ ਪਵੇਗਾ, ਜੇਕਰ ਇਸ ਪਰਖ ਕਾਲ ਸਮੇਂ ਦੌਰਾਨ ਕਰਮਚਾਰੀ ਦਾ ਕੰਮ ਕਾਜ ਤਸਲੀਬਖਸ ਨਾ ਪਾਇਆ ਗਿਆ ਤਾਂ ਕਰਮਚਾਰੀ ਨੂੰ ਬਿਨਾਂ ਕੋਈ ਕਾਰਨ ਦਸੇ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

4. ਕਰਮਚਾਰੀ ਨੂੰ ਇਹਨਾਂ ਹੁਕਮਾਂ ਦੀ ਪਾਲਣਾਂ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ, 15 ਦਿਨਾਂ ਦੇ ਅੰਦਰ ਅੰਦਰ, ਦੇ ਅੰਦਰ-2 ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁਦਾਂ ਤਾਂ ਉਸ ਦੀ ਤਰਕੀ ਦੇ ਹੁਕਮ ਰੱਦ ਸਮਝੇ ਜਾਣਗੇ ਅਤੇ ਕਰਮਚਾਰੀ ਨੂੰ ਇਸ ਤਰਕੀ ਤੇ ਵਿਚਾਰਣ ਲਈ 3 ਸਾਲ ਦੇ ਸਮੇਂ ਲਈ ਡਿਬਾਰ ਕੀਤਾ ਜਾਵੇਗਾ।

5. ਕਰਮਚਾਰੀ ਨੂੰ ਤਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਤੋਂ ਪਹਿਲਾਂ ਉਕਤ ਸਰਤਾਂ ਦੀ ਸਹਿਮਤੀ ਬਾਰੇ ਤਸਦੀਕਸੁਦਾ ਹਲਫਿਆ ਬਿਆਨ ਲੈ ਲਿਆ ਜਾਵੇ ਅਤੇ ਇਹ ਹਲਫਿਆ ਬਿਆਨ ਕਰਮਚਾਰੀਆਂ ਦੀ ਹਾਜਰੀ ਰਿਪੋਟ, ਜੋ ਸੰਸਥਾਂ ਦੇ ਮੁਖੀ ਵਲੋਂ ਸਹੀ ਕੀਤੀ ਹੋਵੇ, ਦੇ ਨਾਲ ਇਸ ਦਫਤਰ ਨੂੰ ਭੇਜੇ ਜਾਣ।

6. ਇਹ ਤਸਦੀਕ ਕੀਤਾ ਜਾਂਦਾ ਹੈ ਕਿ ਜੇਕਰ ਇਹਨਾਂ ਕਰਮਚਾਰੀਆਂ ਦੀ ਤਰੱਕੀ ਬਤੌਰ ਫੋਟੋ ਆਰਟਿਸਟ ਨਹੀਂ ਕੀਤੀ ਜਾਂਦੀ ਤਾਂ ਉਹਨਾਂ ਨੇ ਆਰਟਿਸਟ-ਕਮ-ਫੋਟੋਗ੍ਰਾਫਰ ਦੀ ਪੁਰਾਣੀ ਆਸਾਮੀ ਤੇ ਹੀ ਕੰਮ ਕਰਨਾ ਸੀ।

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**

**ਪਿੱਠ ਅੰ:ਨੰ:4ਐਮ.ਈ.2-ਪੰ:13/** **ਮਿਤੀ ਚੰਡੀਗੜ੍ਹ:-**

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜੀਆ ਜਾਂਦਾ ਹੈ। ਕਰਮਚਾਰੀਆਂ ਦੀ ਫਾਰਗੀ ਅਤੇ ਹਾਜਰੀ ਰਿਪੋਟਾਂ ਇਸ ਦਫਤਰ ਨੂੰ ਭੇਜੀਆਂ ਜਾਣ:-

1. ਪ੍ਰਿੰਸੀਪਲ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅਮ੍ਰਿਤਸਰ ।
2. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ
3. ਸ੍ਰੀ ਜਸਬੀਰ ਸਿੰਘ ਪੁੱਤਰ ਸ੍ਰੀ ਬਹਾਲ ਸਿੰਘ, ਆਰਟਿਸਟ-ਕਮ-ਫੋਟੋਗ੍ਰਾਫਰ, ਸਰਕਾਰੀ ਡੈਂਟਲ ਕਾਲਜ ਅਤੇ ਹਸਪਤਾਲ, ਅਮ੍ਰਿਤਸਰ

**ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।**